# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 Pm**

**ਮਿਤੀ: 07-04-2025**

ਅੱਜ ਵਿਸ਼ਵ ਸਿਹਤ ਦਿਵਸ ਮਨਾਇਆ ਜਾ ਰਿਹਾ ਏ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਇੱਕ ਸਿਹਤਮੰਦ ਵਿਸ਼ਵ ਬਣਾਉਣ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਇਆ। ਆਪਣੇ ਸੰਦੇਸ਼ ਵਿੱਚ, ਉਨ੍ਹਾਂ ਕਿਹਾ ਕਿ ਸਰਕਾਰ ਸਿਹਤ ਸੰਭਾਲ 'ਤੇ ਧਿਆਨ ਕੇਂਦਰਿਤ ਕਰਨਾ ਅਤੇ ਲੋਕਾਂ ਦੀ ਭਲਾਈ ਦੇ ਵੱਖ-ਵੱਖ ਪਹਿਲੂਆਂ ਵਿੱਚ ਨਿਵੇਸ਼ ਕਰਨਾ ਜਾਰੀ ਰੱਖੇਗੀ। ਇੱਕ ਰਿਪੋਰਟ ਦਾ ਹਵਾਲਾ ਦਿੰਦੇ ਹੋਏ, ਪ੍ਰਧਾਨ ਮੰਤਰੀ ਨੇ ਉਜਾਗਰ ਕੀਤਾ ਕਿ ਇਹ ਇਸ ਸੰਬੰਧੀ ਪੇਸ਼ੀਨਗੋਈ ਕਰਦੀ ਏ ਕਿ 2050 ਤੱਕ 44 ਕਰੋੜ ਭਾਰਤੀ ਮੋਟਾਪੇ ਤੋਂ ਪੀੜਤ ਹੋਣਗੇ। ਉਨ੍ਹਾਂ ਸਾਰਿਆਂ ਨੂੰ ਆਪਣੇ ਭੋਜਨ ਵਿੱਚ ਘੱਟੋ-ਘੱਟ 10 ਫੀਸਦੀ ਤੇਲ ਘਟਾਉਣ ਦੀ ਅਪੀਲ ਕੀਤੀ ਅਤੇ ਕਸਰਤ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ ਲਈ ਉਤਸ਼ਾਹਿਤ ਕੀਤਾ ।

-----------------------------------------------------

ਪ੍ਰਧਾਨ ਮੰਤਰੀ ਮੁਦਰਾ ਯੋਜਨਾ ਤਹਿਤ ਹੁਣ ਤੱਕ 32 ਲੱਖ ਕਰੋੜ ਰੁਪਏ ਤੋਂ ਵੱਧ ਦੇ 52 ਕਰੋੜ ਤੋਂ ਵੱਧ ਕਰਜ਼ੇ ਮਨਜ਼ੂਰ ਕੀਤੇ ਗਏ ਨੇ। ਇਹ ਯੋਜਨਾ 2015 ਵਿੱਚ ਗੈਰ-ਕਾਰਪੋਰੇਟ, ਗੈਰ-ਖੇਤੀਬਾੜੀ, ਛੋਟੇ ਅਤੇ ਸੂਖਮ ਉੱਦਮਾਂ ਨੂੰ ਦਸ ਲੱਖ ਰੁਪਏ ਤੱਕ ਦੇ ਜਮਾਨਤ-ਮੁਕਤ ਕਰਜ਼ੇ ਪ੍ਰਦਾਨ ਕਰਨ ਲਈ ਸ਼ੁਰੂ ਕੀਤੀ ਗਈ ਸੀ, ਜਿਸਦਾ ਉਦੇਸ਼ ਮਾਲੀ ਸਮਾਵੇਸ਼ ਦੀ ਸਹੂਲਤ ਦੇਣਾ ਅਤੇ ਉੱਦਮੀਆਂ ਨੂੰ ਮਜ਼ਬੂਤ ਬਣਾਉਣਾ ਸੀ। ਇਸ ਯੋਜਨਾ ਤਹਿਤ, ਤਿੰਨ ਸ਼੍ਰੇਣੀਆਂ ਦੇ ਕਰਜ਼ੇ ਪ੍ਰਦਾਨ ਕੀਤੇ ਜਾ ਰਹੇ ਨੇ. ਇਹਨਾਂ ਵਿੱਚ 50 ਹਜ਼ਾਰ ਰੁਪਏ ਤੱਕ ਦੇ ਸ਼ਿਸ਼ੂ ਕਰਜ਼ੇ, ਪੰਜ ਲੱਖ

ਰੁਪਏ ਤੱਕ ਦੇ ਕਿਸ਼ੋਰ ਅਤੇ ਦਸ ਲੱਖ ਰੁਪਏ ਤੱਕ ਦੇ ਤਰੁਣ ਸ਼ਾਮਲ ਨੇ .ਮੂਲ ਉੱਦਮੀਆਂ ਵੱਲੋਂ ਲਗਭਗ 70 ਫੀਸਦੀ ਮੁਦਰਾ ਕਰਜ਼ੇ ਪ੍ਰਾਪਤ ਕੀਤੇ ਗਏ ਨੇ, ਜਿਸ ਨਾਲ ਉਨ੍ਹਾਂ ਦੀ ਮਾਲੀ ਸੁਤੰਤਰਤਾ ਵਧੀ ਏ ਅਤੇ ਲਿੰਗਕ ਬਰਾਬਰੀ ਵਿੱਚ ਯੋਗਦਾਨ ਪਾਇਆ ਗਿਆ ਏ । ਇਸ ਯੋਜਨਾ ਹਾਸ਼ੀਆਗਤ ਸਮੂਹਾਂ ਵਿੱਚ ਸਵੈ-ਨਿਰਭਰਤਾ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ ਏ , ਜਿਸ

ਨਾਲ ਉਨ੍ਹਾਂ ਨੂੰ ਉੱਦਮਤਾ ਰਾਹੀਂ ਆਪਣੀ ਉਪਜੀਵਿਕਾ ਕਾਇਮ ਰੱਖਣ ਦੇ ਯੋਗ ਬਣਾਇਆ ਗਿਆ ਏ। ਪੱਟੀ ਦਰਜ ਜਾਤਾਂ, ਪੱਟੀ ਦਰਜ ਕਬੀਲਿਆਂ ਅਤੇ ਹੋਰ ਪਛੜੀਆਂ ਸ਼੍ਰੇਣੀਆਂ ਦੇ ਉੱਦਮੀਆਂ ਨੂੰ ਸਾਰੇ ਮੁਦਰਾ ਕਰਜ਼ਿਆਂ ਵਿੱਚੋਂ 50 ਫੀਸਦੀ ਤੋਂ ਵੱਧ ਪ੍ਰਾਪਤ ਹੋਏ ਨੇ. ਬੀਤੇ ਸਾਲਾਂ ਦੌਰਾਨ, ਮੁਦਰਾ ਯੋਜਨਾ ਨੇ ਭਾਰਤ ਦੇ ਉੱਦਮਸ਼ੀਲਤਾ ਦ੍ਰਿਸ਼ ਨੂੰ ਮੁੜ ਦਿੱਤੀ ਏ ਜਿਸ ਨਾਲ ਮਾਲੀ ਸਮਾਵੇਸ਼ ਲਈ ਇੱਕ ਮਾਡਲ ਵਜੋਂ ਵਿਸ਼ਵਵਿਆਪੀ ਮਾਨਤਾ ਮਿਲੀ ਏ.

---------------------------------------------------------------

ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਅੰਮ੍ਰਿਤਸਰ ਜਿਲ੍ਹੇ ਵਿੱਚ ਲਗਾਤਾਰ ਤੀਸਰੇ ਦਿਨ ਨਸ਼ਾ ਵਿਰੋਧੀ ਮੁਹਿੰਮ ਤਹਿਤ ਪੈਦਲ ਮਾਰਚ ਦੀ ਅਗਵਾਈ ਕਰਦੇ ਹੋਏ ਪੰਜਾਬ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਨਸ਼ੇ ਦੇ ਵਿਰੁੱਧ ਲੜਾਈ ਲਈ ਉੱਠ ਪੈਣ । ਉਹਨਾਂ ਕਿਹਾ ਕਿ ਪੰਜਾਬ ਜੋ ਆਪਣੀ ਦੇਸ਼ ਭਗਤੀ, ਅਤੇ ਸੂਰਬੀਰਾਂ, ਸ਼ਹੀਦਾਂ, ਯੋਧਿਆਂ ਦੀਆਂ ਲਾਸਾਨੀ ਕੁਰਬਾਨੀਆਂ ਕਰਕੇ ਜਾਣਿਆ ਜਾਂਦਾ ਏ , ਦੀ ਧਰਤੀ ਨੂੰ ਨਸ਼ਿਆਂ

ਨਾਲ ਬਰਬਾਦ ਨਹੀਂ ਹੋਣ ਦਿੱਤਾ ਜਾਵੇਗਾ। ਉਹਨਾਂ ਕਿਹਾ ਕਿ ਦੁਸ਼ਮਣ ਦੇਸ਼ ਤੋਂ ਨਸ਼ਾ ਤਸਕਰੀ ਜਾਰੀ ਏ ਪਰ ਇਸ ਨੂੰ ਫੜਨ ਲਈ ਸਾਡੀਆਂ ਫੋਰਸਾਂ ਵੀ ਦਿਨ ਰਾਤ ਕੰਮ ਕਰ ਰਹੀਆਂ ਨੇ. ਇਸ ਤੋਂ ਇਲਾਵਾ ਪਿੰਡਾਂ ਤੇ ਸ਼ਹਿਰਾਂ ਵਿੱਚ ਜ਼ਿਲਾ ਪ੍ਰਸ਼ਾਸਨ ਵੱਲੋਂ ਬਣਾਈਆਂ ਗਈਆਂ ਉਚ ਪੱਧਰੀ ਸੁਰੱਖਿਆ ਕਮੇਟੀਆਂ ਵੀ ਬਹੁਤ ਚੌਕਸੀ ਨਾਲ ਇਸ ਤਸਕਰੀ ਨੂੰ ਰੋਕਣ ਲਈ ਕੰਮ ਕਰ ਰਹੀਆਂ ਨੇ. ਉਹਨਾਂ ਕਿਹਾ ਕਿ ਨਸ਼ਾ ਇਸ ਵੇਲੇ ਸਿਰਫ ਪੰਜਾਬ ਦੀ ਹੀ ਸਮੱਸਿਆ ਨਹੀਂ ਬਲਕਿ ਇਹ ਸਾਰੇ ਦੇਸ਼ ਨੂੰ ਆਪਣੇ ਗ੍ਰਿਫਤ ਵਿੱਚ ਲੈ ਰਿਹਾ ਏ. ਓਹਨਾਂ ਸੰਬੋਧਨ ਕਰਦਿਆਂ ਬੱਚਿਆਂ ਅਤੇ ਮੋਹਤਬਰਾਂ ਨੂੰ ਸੱਦਾ ਦਿੱਤਾ ਕਿ ਉਹ ਆਪਣੇ ਆਲੇ ਦੁਆਲੇ ਨੂੰ ਨਸ਼ਾ ਮੁਕਤ ਕਰਨ ਲਈ ਯੋਗਦਾਨ ਪਾਉਣ- **BYTE**

ਉਨਾ ਕਿਹਾ ਕਿ ਨਸ਼ਾ ਕੇਵਲ ਓਹਨਾਂ ਦੇ ਪੈਦਲ ਮਾਰਚ ਨਾਲ ਜਾਂ ਸਰਕਾਰ ਦੀਆਂ ਕੋਸ਼ਿਸ਼ਾਂ ਨਾਲ ਖਤਮ ਨਹੀਂ ਹੋ ਸਕਦਾ, ਤੇ ਇਸ ਨੂੰ ਖਤਮ ਕਰਨ ਲਈ ਜਨਤਾ ਦਾ ਸਾਥ ਹੋਣਾ ਬਹੁਤ ਜਰੂਰੀ ਏ ।

---------------------------------------------

ਸੂਬੇ ਦੀ ਸਿੱਖਿਆ ਪ੍ਰਣਾਲੀ ਵਿੱਚ ਕ੍ਰਾਂਤੀਕਾਰੀ ਤਬਦੀਲੀ ਲਿਆਉਣ ਦੀ ਦਿਸ਼ਾ ਵਿੱਚ ਇੱਕ ਹੋਰ ਅਹਿਮ ਕਦਮ ਚੁੱਕਦਿਆਂ ਪੰਜਾਬ ਸਰਕਾਰ ਅੱਜ 7 ਅਪ੍ਰੈਲ ਤੋਂ ਸ਼ੁਰੂ ਹੋਣ ਵਾਲਾ 54 ਦਿਨਾਂ ਦਾ ਸਿੱਖਿਆ ਦਾ ਤਿਉਹਾਰ 'ਸਿੱਖਿਆ ਕ੍ਰਾਂਤੀ' ਮਨਾ ਰਹੀ ਏ । ਇਸ ਤਹਿਤ ਸੂਬੇ ਭਰ ਦੇ 12,ਹਜ਼ਾਰ ਸਰਕਾਰੀ ਸਕੂਲਾਂ ਵਿੱਚ 2 ਹਜ਼ਾਰ ਕਰੋੜ ਰੁਪਏ ਦੀ ਲਾਗਤ ਵਾਲੇ ਨਵੇਂ ਬੁਨਿਆਦੀ ਢਾਂਚਾ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਜਾਵੇਗਾ। ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਲ੍ਹ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਇਸ ਪਹਿਲਕਦਮੀ ਦਾ ਐਲਾਨ ਕੀਤਾ, ਜਿਸ ਵਿੱਚ ਉਨ੍ਹਾਂ ਨੇ ਸੂਬਾ ਸਰਕਾਰ ਦੀ ਬਰਾਬਰੀ ਅਤੇ ਆਧੁਨਿਕ ਸਿੱਖਿਆ ਪ੍ਰਣਾਲੀ ਵਾਲਾ ਮਾਹੌਲ ਸਿਰਜਣ ਪ੍ਰਤੀ ਵਚਨਬੱਧਤਾ 'ਤੇ ਜ਼ੋਰ ਦਿੱਤਾ ਤਾਂ ਜੋ ਵਿਦਿਆਰਥੀਆਂ ਨੂੰ ਮੌਜੂਦਾ ਸਮੇਂ ਦੇ ਹਾਣੀ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਹ ਵਿਆਪਕ ਬੁਨਿਆਦੀ ਢਾਂਚਾ ਵਿਕਾਸ ਪ੍ਰੋਗਰਾਮ ਆਧੁਨਿਕ ਸਿੱਖਿਆ ਸਹੂਲਤਾਂ ਨਾਲ ਲੈੱਸ ਕਰਨ ਦੇ ਉਦੇਸ਼ ਨਾਲ ਸਰਕਾਰੀ ਸਕੂਲਾਂ ਵਿੱਚ ਨਵੇਂ ਕਮਰਿਆਂ ਦੀ ਉਸਾਰੀ ਅਤੇ ਨਵੀਆਂ ਵਿੱਦਿਅਕ ਤਕਨੀਕਾਂ ‘ਤੇ ਕੇਂਦਰਿਤ ਏ ।ਸਿੱਖਿਆ ਮੰਤਰੀ ਨੇ ਕਿਹਾ ਕਿ ਸਰਕਾਰੀ ਸਕੂਲਾਂ ਨੂੰ ਸਾਰੀਆਂ ਲੋੜੀਂਦੀਆਂ ਬੁਨਿਆਦੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਏ ਜਿਨ੍ਹਾਂ ਵਿੱਚ ਸਾਫ਼ ਪੀਣ ਵਾਲਾ ਪਾਣੀ, ਤੇਜ਼ ਰਫਤਾਰ ਵਾਈਫਾਈ

ਕੁਨੈਕਸ਼ਨ, ਪਖਾਨੇ, ਡੈਸਕ ਤੇ ਕੁਰਸੀਆਂ ਅਤੇ ਚਾਰਦੀਵਾਰੀ ਸ਼ਾਮਲ ਏ ।ਉਨ੍ਹਾਂ ਕਿਹਾ ਕਿ ਪੰਜਾਬ ਦੇਸ਼ ਦਾ ਪਹਿਲਾ ਸੂਬਾ ਹੈ ਜਿੱਥੇ ਸਕੂਲਾਂ ਵਿੱਚ ਕੈਂਪਸ ਮੈਨੇਜਰ ਅਤੇ ਸੁਰੱਖਿਆ ਗਾਰਡ ਨਿਯੁਕਤ ਕੀਤੇ ਗਏ ਨੇ. ਉਨ੍ਹਾਂ ਅੱਗੇ ਦੱਸਿਆ ਕਿ ਪਹਿਲੇ ਪੜਾਅ ਵਿੱਚ 118 ਮੌਜੂਦਾ ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਨੂੰ ਸਕੂਲ ਆਫ਼ ਐਮੀਨੈਂਸ ਵਿੱਚ ਅਪਗ੍ਰੇਡ ਕੀਤਾ ਜਾ ਰਿਹਾ ਏ, ਜਦੋਂ ਕਿ 14 ਸਕੂਲ ਆਫ਼ ਐਮੀਨੈਂਸ ਸਕੂਲ ਪਹਿਲਾਂ ਹੀ ਲੋਕ ਅਰਪਣ ਕੀਤੇ ਜਾ ਚੁੱਕੇ ਨੇ. ਇਹ ਸਕੂਲ ਉੱਤਮਤਾ ਦੇ ਕੇਂਦਰ ਹੋਣਗੇ, ਜੋ ਅਤਿ-ਆਧੁਨਿਕ ਸਹੂਲਤਾਂ ਨਾਲ ਲੈਸ ਹੋਣਗੇ ਅਤੇ ਸਕੂਲ ਸਿੱਖਿਆ ਪ੍ਰਣਾਲੀ ਵਿੱਚ ਸਮਕਾਲੀ ਸਿੱਖਣ ਦੇ ਨਵੇਂ ਢੰਗ – ਤਰੀਕਿਆਂ ਰਾਹੀਂ ਸਾਡੇ ਬੱਚਿਆਂ ਦੇ ਸਿੱਖਣ ਸਬੰਧੀ ਤਜ਼ਰਬਿਆਂ ਵਿੱਚ ਵਾਧਾ ਕਰਨਗੇ।